ਆਕਾਸ਼ਵਾਣੀ ਜਲੰਧਰ

ਪ੍ਰਦੇਸ਼ਿਕ ਖਬਰਾਂ ਪੰਜਾਬੀ

13:10 Pm ਮਿਤੀ: 17-01-2025

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਨਵੀਂ ਦਿੱਲੀ ਦੇ ਭਾਰਤ ਮੰਡਪਮ ਵਿਖੇ ਭਾਰਤ ਮੋਬਿਲਿਟੀ ਗਲੋਬਲ ਐਕਸਪੋ 2025 ਦਾ ਉਦਘਾਟਨ ਕੀਤਾ। ਇਹ ਭਾਰਤ ਦਾ ਸਭ ਤੋਂ ਵੱਡਾ ਮੋਬਿਲਿਟੀ ਐਕਸਪੋ ਏ। ਉਦਘਾਟਨ ਤੋਂ ਪਹਿਲਾਂ, ਸ਼੍ਰੀ ਮੋਦੀ ਨੇ ਐਕਸਪੋ ਵਿਚ ਪ੍ਰਦਰਸ਼ਨੀਆਂ ਦਾ ਦੌਰਾ ਕੀਤਾ ।ਇਸ ਮੌਕੇ ਸੰਬੋਧਨ ਕਰਦਿਆਂ ਕੇਂਦਰੀ ਵਣਜ ਮੰਤਰੀ ਪੀਯੂਸ਼ ਗੋਇਲ ਨੇ ਕਿਹਾ ਕਿ ਭਾਰਤ ਮੋਬਿਲਿਟੀ ਗਲੋਬਲ ਐਕਸਪੋ 2025 ਆਟੋਮੋਬਾਈਲ ਅਤੇ ਸੰਬੰਧਿਤ ਵਪਾਰ ਵਿੱਚ ਦੁਨੀਆ ਦਾ ਦੂਜਾ ਸਭ ਤੋਂ ਵੱਡਾ ਸਮਾਗਮ ਬਣ ਗਿਆ ਏ । ਉਨ੍ਹਾਂ ਅੱਗੇ ਕਿਹਾ ਕਿ ਭਾਰਤ ਤਿੰਨ ਪਹੀਆ ਵਾਹਨਾਂ ਅਤੇ ਟਰੈਕਟਰਾਂ ਦਾ ਸਭ ਤੋਂ ਵੱਡਾ ਨਿਰਮਾਤਾ ਬਣ ਗਿਆ ਏ । ਛੇ ਦਿਨਾ ਭਾਰਤ ਮੋਬਿਲਿਟੀ ਗਲੋਬਲ ਐਕਸਪੋ ਤਿੰਨ ਵੱਖ-ਵੱਖ ਥਾਵਾਂ 'ਤੇ ਆਯੋਜਿਤ ਕੀਤਾ ਜਾਵੇਗਾ । ਇਹ ਐਕਸਪੋ ਆਟੋਮੋਟਿਵ ਅਤੇ ਮੋਬਿਲਿਟੀ ਸੈਕਟਰ ਵਿੱਚ ਨਵੀਨਤਾਵਾਂ ਅਤੇ ਤਰੱਕੀਆਂ ਨੂੰ ਪ੍ਰਦਰਸ਼ਿਤ ਕਰਨ ਲਈ ਇੱਕ ਵਿਲੱਖਣ ਪਲੇਟਫਾਰਮ ਪੇਸ਼ ਕਰੇਗਾ । ਇਸ ਸਾਲ ਦੇ ਐਕਸਪੋ ਵਿੱਚ ਵਿਸ਼ਵਵਿਆਪੀ ਮਹੱਤਵ 'ਤੇ ਵਿਸ਼ੇਸ਼ ਜ਼ੋਰ ਦਿੱਤਾ ਜਾਵੇਗਾ ਜਿਸ ਵਿੱਚ ਦੁਨੀਆ ਭਰ ਤੋਂ ਪ੍ਰਦਰਸ਼ਕ ਅਤੇ ਸੈਲਾਨੀ ਹਿੱਸਾ ਲੈਣਗੇ।

-----------------------------------------------------------

ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਅੱਜ ਨਵੀਂ ਦਿੱਲੀ ਦੇ ਰਾਸ਼ਟਰਪਤੀ ਭਵਨ ਵਿਖੇ ਰਾਸ਼ਟਰੀ ਖੇਡ ਪੁਰਸਕਾਰ 2024 ਪਰਦਾਨ ਕੀਤੇ । ਵਿਸ਼ਵ ਸ਼ਤਰੰਜ ਚੈਂਪੀਅਨ ਡੀ ਗੁਕੇਸ਼, ਦੋ ਵਾਰ ਦੇ ਪੈਰਿਸ ਓਲੰਪਿਕ ਮੈਡਲ ਜੇਤੂ ਮਨੂ ਭਾਕਰ, ਪੁਰਸ਼ ਹਾਕੀ ਟੀਮ ਦੇ ਕਪਤਾਨ ਹਰਮਨਪ੍ਰੀਤ ਸਿੰਘ ਅਤੇ ਪੈਰਿਸ ਪੈਰਾਲੰਪਿਕਸ ਦੇ ਸੋਨ ਤਗਮਾ ਜੇਤੂ ਪ੍ਰਵੀਨ ਕੁਮਾਰ ਨੂੰ ਵੱਕਾਰੀ ਮੇਜਰ ਧਿਆਨ ਚੰਦ ਖੇਲ ਰਤਨ ਪੁਰਸਕਾਰ ਨਾਲ ਸਨਮਾਨਿਤ ਕੀਤਾ ਗਿਆ । ਇਹ ਪੁਰਸਕਾਰ ਪਿਛਲੇ ਚਾਰ ਸਾਲਾਂ ਦੌਰਾਨ ਖਿਡਾਰੀਆਂ ਦੇ ਸਭ ਤੋਂ ਸ਼ਾਨਦਾਰ ਅਤੇ ਅਸਾਧਾਰਨ ਖੇਡ ਪ੍ਰਦਰਸ਼ਨ ਲਈ ਦਿੱਤਾ ਜਾਂਦਾ ਏ । ਪੈਰਾ ਸ਼ੂਟਿੰਗ ਕੋਚ ਸੁਭਾਸ਼ ਰਾਣਾ, ਸ਼ੂਟਿੰਗ ਕੋਚ ਦੀਪਾਲੀ ਦੇਸ਼ਪਾਂਡੇ, ਹਾਕੀ ਕੋਚ ਸੰਦੀਪ ਸਾਂਗਵਾਨ, ਬੈਡਮਿੰਟਨ ਕੋਚ ਐਸ. ਮੁਰਲੀਧਰਨ ਅਤੇ ਫੁੱਟਬਾਲ ਕੋਚ ਅਰਮਾਂਡੋ ਐਂਜਲੋ ਕੋਲਾਕੋ ਨੂੰ ਦਰੋਣਾਚਾਰੀਆ ਪੁਰਸਕਾਰ ਨਾਲ ਸਨਮਾਨਿਤ ਕੀਤਾ ਗਿਆ । 32 ਖਿਡਾਰੀਆਂ ਨੂੰ ਅਰਜੁਨ ਪੁਰਸਕਾਰ ਨਾਲ ਸਨਮਾਨਿਤ ਕੀਤਾ ਗਿਆ ਏ । ਐਥਲੀਟ ਸੁੱਚਾ ਸਿੰਘ ਅਤੇ ਪੈਰਾ ਤੈਰਾਕ ਮੁਰਲੀਕਾਂਤ ਪੇਟਕਰ ਨੂੰ ਲਾਈਫਟਾਈਮ ਅਰਜੁਨ ਪੁਰਸਕਾਰ ਨਾਲ ਸਨਮਾਨਿਤ ਕੀਤਾ ਗਿਆ । ਖੇਲੋ ਇੰਡੀਆ ਯੂਨੀਵਰਸਿਟੀ ਖੇਡਾਂ ਵਿੱਚ ਸਮੁੱਚੇ ਤੌਰ 'ਤੇ ਸਭ ਤੋਂ ਵਧੀਆ ਪ੍ਰਦਰਸ਼ਨ ਲਈ ਚੰਡੀਗੜ੍ਹ ਯੂਨੀਵਰਸਿਟੀ ਨੂੰ ਮੌਲਾਨਾ ਅਬੁਲ ਕਲਾਮ ਆਜ਼ਾਦ ਟਰਾਫੀ ਪਰਦਾਨ ਕੀਤੀ ਗਈ ।

-----------------------------------------------------------

ਪੰਜਾਬ ਸਰਕਾਰ ਨੇ ਵੱਖ-ਵੱਖ ਐਪਲੀਕੇਸ਼ਨਾਂ ਅਤੇ ਵੈੱਬਸਾਈਟਾਂ ਸਮੇਤ ਆਈ.ਟੀ. ਢਾਂਚੇ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਇੱਕ ਸਕਿਉਰਿਟੀ ਆਪਰੇਸ਼ਨ ਸੈਂਟਰ (ਐਸ.ਓ.ਸੀ.) ਸਥਾਪਤ ਕਰਨ ਦਾ ਫੈਸਲਾ ਕੀਤਾ ਏ ।ਇਹ ਅਹਿਮ ਫੈਸਲਾ ਪ੍ਰਸ਼ਾਸਨਿਕ ਸੁਧਾਰ ਅਤੇ ਜਨਤਕ ਸ਼ਿਕਾਇਤਾਂ ਬਾਰੇ ਮੰਤਰੀ ਸ੍ਰੀ ਅਮਨ ਅਰੋੜਾ ਦੀ ਪ੍ਰਧਾਨਗੀ ਹੇਠ ਪੰਜਾਬ ਰਾਜ ਈ-ਗਵਰਨੈਂਸ ਸੁਸਾਇਟੀ ਦੇ ਬੋਰਡ ਆਫ਼ ਗਵਰਨਰਜ਼ ਦੀ ਹੋਈ 19ਵੀਂ ਮੀਟਿੰਗ ਵਿੱਚ ਲਿਆ ਗਿਆ । ਸ੍ਰੀ ਅਮਨ ਅਰੋੜਾ ਨੇ ਦੱਸਿਆ ਕਿ ਐਸ.ਓ.ਸੀ. ਦੇ ਕਾਰਜਸ਼ੀਲ ਹੋਣ ਨਾਲ ਪੰਜਾਬ ਉਚ ਪੱਧਰੀ ਸਾਈਬਰ ਸੁਰੱਖਿਆ ਸਮਰੱਥਾ ਦੇ ਨਾਲ ਉਤਰੀ ਭਾਰਤ ਦਾ ਮੋਹਰੀ ਸੂਬਾ ਬਣ ਜਾਵੇਗਾ। ਇਹ ਸਾਡੇ ਅਹਿਮ ਆਈਟੀ ਬੁਨਿਆਦੀ ਢਾਂਚੇ ਦੀ ਸੁਰੱਖਿਆ ਲਈ ਮੌਜੂਦਾ ਸਮੇਂ ਸਾਈਬਰ ਸੁਰੱਖਿਆ ਘਟਨਾਵਾਂ ਦੀ ਨਿਗਰਾਨੀ , ਪਤਾ ਲਾਉਣ ਤੇ ਪ੍ਰਤੀਕਿਰਿਆ ਦੇਣ ਦੇਣ ਦੇ ਸਮਰੱਥ ਹੋਵੇਗਾ ।

-----------------------------------------------------------

ਗਣਤੰਤਰ ਦਿਵਸ ਤੋਂ ਪਹਿਲਾਂ ਪੁਖ਼ਤਾ ਸੁਰੱਖਿਆ ਪ੍ਰਬੰਧ ਯਕੀਨੀ ਬਣਾਉਣ ਦੇ ਮੱਦੇਨਜ਼ਰ ਪੰਜਾਬ ਪੁਲਿਸ ਨੇ ਵੀਰਵਾਰ ਨੂੰ ਸੂਬੇ ਭਰ ਦੇ ਸਾਰੇ ਰੇਲਵੇ ਸਟੇਸ਼ਨਾਂ ਅਤੇ ਇਸ ਦੇ ਆਲੇ-ਦੁਆਲੇ ਵਿਸ਼ੇਸ਼ ਘੇਰਾਬੰਦੀ ਅਤੇ ਤਲਾਸ਼ੀ ਮੁਹਿੰਮ ਚਲਾਈ । ਇਹ ਮੁਹਿੰਮ ਡਾਇਰੈਕਟਰ ਜਨਰਲ ਆਫ਼ ਪੁਲਿਸ ਪੰਜਾਬ ਗੌਰਵ ਯਾਦਵ ਦੇ ਨਿਰਦੇਸ਼ਾਂ ਹੇਠ ਦੁਪਹਿਰ 1 ਵਜੇ ਤੋਂ 3 ਵਜੇ ਤੱਕ ਸਾਰੇ 28 ਪੁਲਿਸ ਜ਼ਿਲ੍ਹਿਆਂ ਵਿੱਚ ਇੱਕੋ ਸਮੇਂ ਚਲਾਈ ਗਈ। ਇਸ ਸੂਬਾ ਪੱਧਰੀ ਮੁਹਿੰਮ ਦੀ ਨਿੱਜੀ ਤੌਰ ’ਤੇ ਨਿਗਰਾਨੀ ਕਰਦਿਆਂ ਸਪੈਸ਼ਲ ਡਾਇਰੈਕਟਰ ਜਨਰਲ ਆਫ਼ ਪੁਲਿਸ, ਕਾਨੂੰਨ ਅਤੇ ਵਿਵਸਥਾ, ਅਰਪਿਤ ਸ਼ੁਕਲਾ ਨੇ ਕਿਹਾ ਕਿ ਸਾਰੇ ਸੀਪੀਜ਼ ਤੇ ਐਸਐਸਪੀਜ਼ ਨੂੰ ਇਸ ਆਪ੍ਰੇਸ਼ਨ ਤਹਿਤ ਗਜ਼ਟਿਡ ਰੈਂਕ ਦੇ ਅਧਿਕਾਰੀਆਂ ਦੀ ਨਿਗਰਾਨੀ ਲਈ ਹਰੇਕ ਰੇਲਵੇ ਸਟੇਸ਼ਨ ’ਤੇ ਘੱਟੋ-ਘੱਟ ਦੋ ਪੁਲਿਸ ਟੀਮਾਂ ਤਾਇਨਾਤ ਕਰਨ ਲਈ ਨਿਰਦੇਸ਼ ਦਿੱਤੇ ਗਏ ਸਨ। ਉਨ੍ਹਾਂ ਅੱਗੇ ਕਿਹਾ ਕਿ ਸੂਬੇ ਦੇ 169 ਰੇਲਵੇ ਸਟੇਸ਼ਨਾਂ ’ਤੇ ਚਲਾਏ ਗਏ ਇਸ ਆਪ੍ਰੇਸ਼ਨ ਦੌਰਾਨ 3 ਹਜ਼ਾਰ 299 ਵਿਅਕਤੀਆਂ ਦੀ ਤਲਾਸ਼ੀ ਲਈ ਗਈ, ਜਦੋਂ ਕਿ 173 ਸ਼ੱਕੀ ਵਿਅਕਤੀਆਂ ਨੂੰ ਪੁੱਛਗਿੱਛ ਲਈ ਹਿਰਾਸਤ ਵਿੱਚ ਲਿਆ ਗਿਆ।

----------------------------------------------------------

ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ ਅਤੇ ਲੋਕਲ ਬਾਡੀਜ਼ ਨੇ ਖਰੜ ਅਤੇ ਮੋਹਾਲੀ ਵਿਖੇ ਪਾਬੰਦੀਸ਼ੁਦਾ ਇੱਕ ਵਾਰ ਵਰਤੀਆਂ ਜਾਣ ਵਾਲੀਆਂ ਪਲਾਸਟਿਕ ਦੀਆਂ ਵਸਤੂਆਂ ਅਤੇ ਪਲਾਸਟਿਕ ਦੇ ਲਿਫਾਫਿਆਂ ਦੇ ਨਿਰਮਾਣ ਅਤੇ ਸਟੋਰੇਜ ਦੀ ਜਾਂਚ ਕਰਨ ਲਈ ਇੱਕ ਸੰਯੁਕਤ ਨਿਰੀਖਣ ਕੀਤਾ। ਇਸ ਸਬੰਧੀ ਜਾਣਕਾਰੀ ਦਿੰਦਿਆਂ ਪੀ ਪੀ ਸੀ ਬੀ ਮੋਹਾਲੀ ਖੇਤਰ ਦੇ ਵਾਤਾਵਰਣ ਇੰਜੀਨੀਅਰ ਰਣਤੇਜ ਸ਼ਰਮਾ ਨੇ ਦੱਸਿਆ ਕਿ ਇਸ ਸਬੰਧੀ ਨਗਰ ਨਿਗਮ ਖਰੜ ਤੇ ਮੁਹਾਲੀ ਦੇ ਅਧਿਕਾਰੀਆਂ ਨਾਲ ਸਾਂਝੀ ਜਾਂਚ ਕੀਤੀ ਗਈ। ਛਾਪੇਮਾਰੀ ਦੌਰਾਨ 04 ਯੂਨਿਟਾਂ ਦੀ ਚੈਕਿੰਗ ਕੀਤੀ ਗਈ ਜਿਨ੍ਹਾਂ ਵਿੱਚੋਂ 03 ਪਾਬੰਦੀਸ਼ੁਦਾ ਇਕ ਵਾਰ ਵਰਤੇ ਜਾਣ ਵਾਲੇ ਪਲਾਸਟਿਕ ਅਤੇ ਪਲਾਸਟਿਕ ਦੇ ਲਿਫਾਫੇ ਸਟੋਰ ਕਰਦੇ ਅਤੇ ਵੇਚਦੇ ਪਾਏ ਗਏ। ਲਗਭਗ 110.05 ਕਿਲੋਗ੍ਰਾਮ ਸਮੱਗਰੀ ਨੂੰ ਜ਼ਬਤ ਕੀਤਾ ਗਿਆ ਤਾਂ ਜੋ ਅਗਲੇਰੀ ਕਾਨੂੰਨੀ ਕਰਵਾਈ ਅਮਲ ਵਿੱਚ ਲਿਆਂਦੀ ਜਾ ਸਕੇ।

----------------------------------------------------------

ਮੌਸਮ ਵਿਭਾਗ ਨੇ ਪੰਜਾਬ ਵਿੱਚ ਅੱਜ ਵੀ ਧੁੰਦ ਨੂੰ ਲੈ ਕੇ ਓਰੇਂਜ ਅਲਰਟ ਜਾਰੀ ਕੀਤਾ ਏ। ਵੀਰਵਾਰ ਰਾਤ ਤੋਂ ਹੀ ਪੰਜਾਬ ਦੇ ਕਈ ਜ਼ਿਲ੍ਹਿਆਂ ਵਿੱਚ ਧੁੰਦ ਦਾ ਅਸਰ ਵੇਖਿਆ ਗਿਆ। ਬੀਤੇ ਦਿਨ ਧੁੱਪ ਨਾ ਨਿਕਲਣ ਕਰਕੇ ਦਿਨ ਦੇ ਤਾਪਮਾਨ ਵਿੱਚ 3.6 ਡਿਗਰੀ ਦੀ ਕਮੀ ਦਰਜ ਕੀਤੀ ਗਈ। ਸਾਰੇ ਪੰਜਾਬ ਦੇ ਸ਼ਹਿਰਾਂ ਦਾ ਦਿਨ ਦਾ ਤਾਪਮਾਨ 11 ਤੋਂ 20 ਡਿਗਰੀ ਦੇ ਵਿਚਕਾਰ ਰਿਹਾ। ਉਥੇ ਹੀ, ਰਾਤ 10 ਵਜੇ ਤੋਂ ਬਾਅਦ ਹਵਾਈ ਆਵਾਜਾਈ ਵੀ ਬੁਰੀ ਤਰ੍ਹਾਂ ਪ੍ਰਭਾਵਿਤ ਹੋਈ। ਰਾਤ 10 ਵਜੇ ਤੋਂ ਬਾਅਦ ਅੰਮ੍ਰਿਤਸਰ ਵਿੱਚ ਵਿਜੀਬਿਲਟੀ ਜ਼ੀਰੋ ਤੱਕ ਪਹੁੰਚ ਗਈ। ਅੰਮ੍ਰਿਤਸਰ ਏਅਰਪੋਰਟ ’ਤੇ ਲੈਂਡਿੰਗ ਤੋਂ ਪਹਿਲਾਂ ਮਲੇਸ਼ੀਆ ਤੋਂ ਆਈ ਉਡਾਣ ਨੂੰ ਲਗਭਗ 1.30 ਘੰਟਾ ਹਵਾ ਵਿੱਚ ਚੱਕਰ ਲਾਉਣੇ ਪਏ।ਮੌਸਮ ਵਿਗਿਆਨ ਕੇਂਦਰ ਅਨੁਸਾਰ ਅੱਜ ਅੰਮ੍ਰਿਤਸਰ, ਤਰਨਤਾਰਨ, ਨਵਾਂਸ਼ਹਿਰ, ਕਪੂਰਥਲਾ, ਜਲੰਧਰ, ਬਠਿੰਡਾ, ਲੁਧਿਆਣਾ, ਬਰਨਾਲਾ, ਮਾਨਸਾ, ਸੰਗਰੂਰ, ਪਟਿਆਲਾ ਅਤੇ ਮਲੇਰਕੋਟਲਾ ਵਿੱਚ ਸੰਘਣੀ ਧੁੰਦ ਨੂੰ ਲੈ ਕੇ ਓਰੇਂਜ ਅਲਰਟ ਜਾਰੀ ਕੀਤਾ ਗਿਆ ਏ। ਇਨ੍ਹਾਂ ਜ਼ਿਲ੍ਹਿਆਂ ’ਚ ਵਿਜ਼ੀਬਿਲਟੀ 50 ਮੀਟਰ ਜਾਂ ਇਸ ਤੋਂ ਘੱਟ ਰਹਿ ਸਕਦੀ ਏ।

----------------------------------------------------------